**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ(ਸੈ:ਸਿ:) ਪੰਜਾਬ, ਐਸ.ਏ.ਐਸ ਨਗਰ**
**(ਬਜਟ ਸ਼ਾਖਾ)**

**Through Website**

ਵੱਲ:

1. ਸਮੂਹ ਜਿਲਾ ਸਿੱਖਿਆ ਅਫਸਰ(ਸੈ:ਸਿ:)
2. ਸਮੂਹ ਪ੍ਰਿੰਸੀਪਲ/ਮੁੱਖ ਅਧਿਆਪਕ
   ਸਰਕਾਰੀ ਮਿਡਲ / ਹਾਈ / ਸੀਨੀਅਰ ਸੈਕੰਡਰੀ ਸਕੂਲ ਪੰਜਾਬ

ਮੀਮੋ ਨੰ: 9/06-2018 ਬਜਟ(4) / 2020285515 to 616
ਮਿਤੀ: 12/11/2020

**ਵਿਸ਼ਾ:-** **ਸਿੱਖਿਆ ਵਿਭਾਗ ਦੇ ਕਰਮਚਾਰੀਆਂ / ਅਧਿਕਾਰੀਆਂ / ਪੈਨਸ਼ਨਰਾਂ ਅਤੇ ਉਹਨਾਂ ਦੇ ਆਸ਼ਰਤਾਂ ਨੂੰ ਮੈਡੀਕਲ ਖਰਚੇ ਦੀ ਪ੍ਰਤੀ ਪੂਰਤੀ ਕਰਨ ਸਬੰਧੀ।**

ਹਵਾਲਾ:- ਪੰਜਾਬ ਸਰਕਾਰ, ਸਿੱਖਿਆ ਵਿਭਾਗ ਦੇ ਮੀਮੋ ਨੰ: 11/98/18-5ਸਿ6/1274701/1-3 ਮਿਤੀ 18-7-2018 ਅਤੇ ਮੀਮੋ ਨੰ: 15/55-2019 ਕੋ.ਸੈਲ(1)/121461 ਮਿਤੀ 28-05-2020 ਦੇ ਸਬੰਧ ਵਿੱਚ।

*************

ਉਪਰੋਕਤ ਵਿਸ਼ੇ ਤੇ ਹਵਾਲਾ ਅਧੀਨ ਪੱਤਰਾਂ ਰਾਹੀਂ ਸਿੱਖਿਆ ਵਿਭਾਗ ਦੇ ਕਰਮਚਾਰੀਆਂ / ਅਧਿਕਾਰੀਆਂ / ਪੈਨਸ਼ਨਰਾਂ ਅਤੇ ਉਹਨਾਂ ਦੇ ਆਸ਼ਰਤਾਂ ਨੂੰ ਮੈਡੀਕਲ ਖਰਚੇ ਦੀ ਪ੍ਰਤੀ ਪੂਰਤੀ ਕਰਨ ਸਬੰਧੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਸਨ ਜਿਨਾਂ ਅਨੁਸਾਰ 50,000/- ਰੁ: ਤੋਂ ਵੱਧ ਰਾਸ਼ੀ ਦੇ ਮੈਡੀਕਲ ਬਿੱਲਾਂ ਦੀ ਪ੍ਰਵਾਨਗੀ ਮੁੱਖ ਦਫਤਰ ਦੀ ਪੱਧਰ ਤੇ ਕੀਤੀ ਜਾਣੀ ਹੈ।

2.0 ਇਹ ਵੇਖਣ ਵਿੱਚ ਆਇਆ ਹੈ ਕਿ ਕਈ ਸਕੂਲ ਮੁੱਖੀਆਂ ਵੱਲੋਂ ਕਰਮਚਾਰੀਆਂ / ਅਧਿਕਾਰੀਆਂ / ਪੈਨਸ਼ਨਰਾਂ ਅਤੇ ਉਹਨਾਂ ਦੇ ਆਸ਼ਰਤਾਂ ਦੇ ਮੈਡੀਕਲ ਬਿੱਲ ਜਿਹਨਾਂ ਦੀ ਰਕਮ 50,000/- ਰੁ: ਤੋਂ ਜਿਆਦਾ ਹੁੰਦੀ ਹੈ, ਦੀ ਮਨਜ਼ੂਰੀ ਆਪਣੇ ਪੱਧਰ ਤੇ ਹੀ ਜਾਰੀ ਕਰਨ ਉਪਰੰਤ ਬਜਟ ਦੀ ਡਿਮਾਂਡ ਮੁੱਖ ਦਫਤਰ ਤੋਂ ਕੀਤੀ ਜਾਂਦੀ ਹੈ।

3.0 ਇਸ ਸਬੰਧੀ ਲਿਖਿਆ ਜਾਂਦਾ ਹੈ ਕਿ ਉਪਰੋਕਤ ਹਵਾਲਾ ਅਧੀਨ ਪੱਤਰ ਮਿਤੀ 18-7-2018 ਰਾਹੀਂ ਜਾਰੀ ਹਦਾਇਤਾਂ ਅਨੁਸਾਰ ਪ੍ਰਾਰਥੀ ਦੇ ਮੈਡੀਕਲ ਬਿੱਲ ਤੇ ਕਾਰਵਾਈ ਕੀਤੀ ਜਾਵੇ ਅਤੇ ਨਾਲ ਹੀ ਪੱਤਰ ਮਿਤੀ 28-05-2020 ਰਾਹੀਂ ਜਾਰੀ ਗਾਈਡ ਲਾਈਨਜ਼ ਅਨੁਸਾਰ ਮੈਡੀਕਲ ਬਿੱਲ ਮਨਜ਼ੂਰੀ ਲਈ ਆਨਲਾਈਨ epunjabschool.gov.in ਤੇ ਮੁੱਖ ਦਫਤਰ ਨੂੰ ਭੇਜੇ ਜਾਣ।

4.0 ਮੈਡੀਕਲ ਕਲੇਮ ਮੁੱਖ ਦਫਤਰ ਤੋਂ ਮਨਜ਼ੂਰ ਹੋਣ ਉਪਰੰਤ ਹੀ ਬਜਟ ਦੀ ਡਿਮਾਂਡ ਲਈ ਆਪਣੇ ਜਿਲ੍ਹੇ ਦੇ ਜਿਲਾ ਸਿੱਖਿਆ ਅਫਸਰ(ਸੈ:ਸਿ:) ਨਾਲ ਸੰਪਰਕ ਕੀਤਾ ਜਾਵੇ।

ਡਾਇਰੈਕਟਰ
ਸਿੱਖਿਆ ਵਿਭਾਗ(ਸੈ:ਸਿ:) ਪੰਜਾਬ

ਪੰਜਾਬ ਸਰਕਾਰ

ਸਿੱਖਿਆ ਵਿਭਾਗ

ਵੱਲ,  (Through Website)

1) ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿ/ਐ.ਸਿ),ਪੰਜਾਬ।

2) ਸਮੂਹ ਪ੍ਰਿੰਸੀਪਲ/ਮੁੱਖ ਅਧਿਆਪਕ ਪੰਜਾਬ ਰਾਜ ਵਿੱਚ।

3) ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ, ਪੰਜਾਬ ਰਾਜ ਵਿੱਚ।

ਮੀਮੋ ਨੰ: 11/98/18-5 ਸਿ6/1274701/1-3

ਮਿਤੀ ਚੰਡੀਗੜ੍ਹ 18-07-2018

ਵਿਸ਼ਾ ; ਸਿੱਖਿਆ ਵਿਭਾਗ ਦੇ ਕਰਮਚਾਰੀਆਂ/ਅਧਿਕਾਰੀਆਂ /ਪੈਨਸ਼ਨਰਾਂ ਅਤੇ ਉਹਨਾਂ ਦੇ ਆਸ਼ਰਿਤਾਂ ਨੂੰ ਮੈਡੀਕਲ ਖਰਚੇ ਦੀ ਪ੍ਰਤੀ ਪੂਰਤੀ ਕਰਨ ਸਬੰਧੀ ਪਾਲਿਸੀ ਅਧੀਨ ਵਿੱਤੀ ਅਧਿਕਾਰਾਂ ਦਾ ਵਿਕੇਂਦਰੀਕਰਣ ਕਰਨ ਸਬੰਧੀ।

ਸਿੱਖਿਆ ਵਿਭਾਗ ਦੇ ਕਰਮਚਾਰੀਆਂ/ਅਧਿਕਾਰੀਆਂ /ਪੈਨਸ਼ਨਰਾਂ ਅਤੇ ਉਹਨਾਂ ਦੇ ਆਸ਼ਰਿਤਾਂ ਨੂੰ ਮੈਡੀਕਲ ਖਰਚੇ ਦੇ ਕਲੇਮਾਂ ਦੀ ਮੰਨਜੂਰੀ ਸਬੰਧੀ ਵਿਧੀ ਨੂੰ ਸਰਲ ਬਣਾਉਣ ਅਤੇ ਉਨ੍ਹਾਂ ਦੇ ਜਲਦੀ ਨਿਪਟਾਰੇ ਹਿੱਤ ਹੇਠ ਲਿਖੇ ਅਨੁਸਾਰ ਫੈਸਲਾ ਲਿਆ ਗਿਆ;-

1. ਪੰਜਾਬ ਸਰਕਾਰ (ਸਿਹਤ ਤੇ ਪਰਿਵਾਰ ਭਲਾਈ ਵਿਭਾਗ ਪੰਜਾਬ) ਵੱਲੋਂ ਵਿੱਤੀ ਅਧਿਕਾਰਾਂ ਦਾ ਵਿਕੇਂਦਰੀਕਰਨ ਕਰਨ ਸਮੇਂ ਜਿਲ੍ਹਾ ਸਿੱਖਿਆ ਅਫਸਰਾਂ ਨੂੰ 50,000/-ਰੁਪਏ ਤੱਕ ਦੇ ਮੈਡੀਕਲ ਕਲੇਮਾਂ ਦੀ ਮੰਨਜੂਰੀ ਦੇ ਅਧਿਕਾਰ ਸਮੂਹ ਸਕੂਲਾਂ ਦੇ ਪ੍ਰਿੰਸੀਪਲ/ਹੈਡ ਮਾਸਟਰ/ਬਲਾਕ ਪ੍ਰਾਇਮਰੀ ਸਿੱਖਿਆ ਅਫਸਰਾਂ ਨੂੰ ਦਿੱਤੇ ਜਾਂਦੇ ਹਨ ।

2. ਮੁੱਖ ਦਫਤਰ ਦੇ ਪੱਧਰ ਤੇ ਮੰਨਜੂਰ ਹੋਣ ਵਾਲੇ 50,000/-ਰੁਪਏ ਤੋਂ ਵੱਧ ਦੇ ਮੈਡੀਕਲ ਕਲੇਮ ਸਕੂਲਾਂ ਵੱਲੋਂ ਸਿੱਧੇ ਮੁੱਖ ਦਫਤਰ ਨੂੰ ਭੇਜੇ ਜਾਣਗੇ। ਮੁੱਖ ਦਫਤਰ ਦੇ ਪੱਧਰ ਤੇ ਹੀ ਇਨ੍ਹਾਂ ਕਲੇਮਾਂ ਦੀ ਡਾਇਰੈਕਟਰ ਸਿਹਤ ਸੇਵਾਵਾਂ ਤੋਂ ਵੈਰੀਫਿਕੇਸ਼ਨ/ ਕਾਰਜ ਬਾਅਦ ਪ੍ਰਵਾਨਗੀ ਕਰਵਾਈ ਜਾਵੇਗੀ।

3. ਸਕੂਲਾਂ ਦੇ ਪ੍ਰਿੰਸੀਪਲ/ਹੈਡ ਮਾਸਟਰ/ਬਲਾਕ ਪ੍ਰਾਇਮਰੀ ਸਿੱਖਿਆ ਅਫਸਰਾਂ ਦੁਆਰਾ ਮੈਡੀਕਲ ਕਲੇਮਾਂ ਦੀ ਪ੍ਰਵਾਨਗੀ ਦੇਣ ਸਮੇਂ ਪੰਜਾਬ ਮੈਡੀਕਲ ਅਟੈਂਡੈਂਟ ਨਿਯਮ 1940 ਦੇ ਅਪੈਂਡਿਕਸ 'ਐਚ' (ਕਾਪੀ ਨੱਥੀ) ਵਿੱਚ ਦਿੱਤੀ ਗਈ ਚੈੱਕ ਲਿਸਟ ਅਨੁਸਾਰ ਪੜਤਾਲ ਕੀਤੀ ਜਾਵੇਗੀ ਅਤੇ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਪੰਜਾਬ, ਦੇ ਪੱਤਰ ਨੰ; 21/47/2009-5ਸਿ5/1210 ਮਿਤੀ 24-ਜੂਨ-2010 (ਕਾਪੀ ਨੱਥੀ) ਰਾਹੀਂ ਕੀਤੀਆਂ ਗਈਆਂ ਹਦਾਇਤਾਂ ਵਿੱਚ ਕੀਤੇ ਉਪਬੰਧਾਂ ਦਾ ਧਿਆਨ ਰੱਖਿਆ ਜਾਵੇਗਾ।

4. ਸਕੂਲਾਂ ਦੇ ਪ੍ਰਿੰਸੀਪਲ/ਹੈਡ ਮਾਸਟਰ/ਬਲਾਕ ਪ੍ਰਾਇਮਰੀ ਸਿੱਖਿਆ ਅਫਸਰਾਂ/ਜਿਲ੍ਹਾ ਸਿੱਖਿਆ ਅਫਸਰਾਂ ਵੱਲੋਂ ਮੈਡੀਕਲ ਕਲੇਮ ਪ੍ਰਾਪਤ ਹੋਣ ਤੋਂ 05 ਦਿਨਾਂ ਦੇ ਅੰਦਰ ਅੰਦਰ ਉਸਦਾ ਨਿਪਟਾਰਾ ਕੀਤਾ ਜਾਵੇਗਾ ਭਾਵ ਮੰਨਜੂਰੀ ਜਾਰੀ ਕੀਤੀ ਜਾਵੇਗੀ/ ਜਿਲ੍ਹੇ ਦੇ ਸਿਵਲ ਸਰਜਨ ਨੂੰ ਭੇਜਿਆ ਜਾਵੇਗਾ/ ਮੁੱਖ ਦਫਤਰ ਨੂੰ ਭੇਜਿਆ ਜਾਵੇਗਾ ਜਾਂ ਫਿਰ ਕਲੇਮ ਮੁਕੰਮਲ ਨਾ ਹੋਣ ਦੀ ਸੂਰਤ ਵਿੱਚ ਕਲੇਮੈਂਟ ਨੂੰ ਵਾਪਸ ਭੇਜਿਆ ਜਾਵੇਗਾ।

5. ਸਿਵਲ ਸਰਜਨ ਤੋਂ ਕਲੇਮ ਵੈਰੀਫਾਈ ਹੋਣ ਉਪਰੰਤ/ਮੁੱਖ ਦਫਤਰ ਤੋਂ ਮੰਨਜੂਰੀ ਪ੍ਰਾਪਤ ਹੋਣ ਤੇ 03 ਦਿਨ ਦੇ ਅੰਦਰ ਅੰਦਰ ਮੈਡੀਕਲ ਬਿੱਲ ਖਜਾਨੇ ਨੂੰ ਭੇਜਿਆ ਜਾਵੇਗਾ।

6. ਸਕੂਲਾਂ/ਬਲਾਕ ਪ੍ਰਾਇਮਰੀ ਸਿੱਖਿਆ ਦਫਤਰਾਂ ਵੱਲੋਂ ਸਿਵਲ ਸਰਜਨ ਨੂੰ ਭੇਜੇ ਗਏ ਕਲੇਮਾਂ ਨੂੰ ਜਿਲ੍ਹਾ ਸਿੱਖਿਆ ਅਫਸਰ ਵੱਲੋਂ ਸਿਵਲ ਸਰਜਨ ਨਾਲ ਤਾਲਮੇਲ ਕਰਕੇ ਕਲੀਅਰ ਕਰਵਾਇਆ ਜਾਵੇਗਾ।

ਡਾਇਰੈਕਟਰ ਸਕੂਲ ਸਿੱਖਿਆ

ਪੰਜਾਬ ਚੰਡੀਗੜ੍ਹ

Scanned by CamScanner

# ਪੰਜਾਬ ਸਰਕਾਰ ਸਿੱਖਿਆ ਵਿਭਾਗ

ਵੱਲ

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਪੰਜਾਬ,
ਸਮੂਹ ਜਿਲ੍ਹਾ ਸਿੱਖਿਆ ਅਫਸਰ (ਐ.ਸਿ.), ਪੰਜਾਬ,
ਸਮੂਹ ਸਕੂਲ ਮੁੱਖੀ, ਸਰਕਾਰੀ ਸਕੂਲ ਪੰਜਾਬ,
ਸਮੂਹ ਬੀ.ਪੀ.ਈ.ਓ., ਪੰਜਾਬ

ਮੀਮੋ ਨੰ. 15/55-2019ਕੋ.ਸੈਲ.(1)/੧੨੧੬੧ ਮਿਤੀ: ੨੮-੦੫-੨੦੨੦

ਵਿਸ਼ਾ: ਮੈਡੀਕਲ ਬਿੱਲ (Medical Bill) online ਕਰਨ ਸਬੰਧੀ।

1.0 ਸਕੂਲ ਅਧਿਆਪਕਾਂ ਅਤੇ ਕਰਮਚਾਰੀਆਂ ਵੱਲੋਂ ਮੈਡੀਕਲ ਬਿੱਲਾਂ ਦੀ ਪ੍ਰਤੀ ਪੂਰਤੀ ਦੀ ਪ੍ਰਵਾਨਗੀ ਲਈ ਅਰਜ਼ੀਆਂ ਸਕੂਲ ਮੁੱਖੀਆਂ/ਜਿਲ੍ਹਾ ਸਿੱਖਿਆ ਅਫਸਰ ਅਤੇ ਮੁੱਖ ਦਫਤਰ ਵਿਖੇ ਦਿੱਤੀਆਂ ਜਾਂਦੀਆਂ ਹਨ। ਇਸ ਪ੍ਰਕਿਰਿਆ ਵਿੱਚ ਸਕੂਲ ਅਧਿਆਪਕਾਂ ਦਾ ਕਾਫੀ ਸਮਾਂ ਬਰਬਾਦ ਹੁੰਦਾ ਸੀ ਅਤੇ ਇਸ ਕਾਗਜ਼ੀ ਕਾਰਵਾਈ ਲਈ ਕਾਫੀ ਸਮਾਂ ਲੱਗ ਜਾਂਦਾ ਸੀ। ਅਧਿਆਪਕਾਂ ਦੀਆਂ ਅਜਿਹੀਆਂ ਸਮੱਸਿਆਵਾਂ ਨੂੰ ਮੁੱਖ ਰੱਖਦੇ ਹੋਏ ਸਿੱਖਿਆ ਵਿਭਾਗ ਪੰਜਾਬ ਵੱਲੋਂ ਈ-ਪੰਜਾਬ ਸਕੂਲ ਪੋਰਟਲ ਉੱਤੇ ਮੈਡੀਕਲ ਬਿੱਲਾਂ ਦੇ ਕਲੇਮਾਂ ਨੂੰ ਆਨਲਾਈਨ ਕਰਨ ਲਈ ਇੱਕ ਨਵਾਂ ਸਾਫਟਵੇਅਰ ਤਿਆਰ ਕੀਤਾ ਗਿਆ ਹੈ। ਇਸ ਸਾਫਟਵੇਅਰ ਦੀ ਮਦਦ ਨਾਲ ਹੁਣ ਅਧਿਆਪਕ ਆਪਣੇ ਮੈਡੀਕਲ ਬਿੱਲਾਂ ਨੂੰ ਆਨਲਾਈਨ ਈ-ਪੰਜਾਬ ਸਕੂਲ ਪੋਰਟਲ ਉੱਤੇ ਆਪਣੇ ਨਿੱਜੀ ਅਕਾਊਂਟ ਵਿੱਚੋਂ ਅਪਲਾਈ ਕਰ ਸਕਣਗੇ।

2.0 ਉਪਰੋਕਤ ਮੈਡੀਕਲ ਬਿੱਲਾਂ ਨੂੰ ਅਪਲਾਈ ਕਰਨ ਵਿੱਚ ਜੇਕਰ ਕਿਸੇ ਕਿਸਮ ਦੀ ਮੁਸ਼ਕਿਲ ਪੇਸ਼ ਆਉਂਦੀ ਹੈ ਤਾਂ ਅਧਿਆਪਕ ਆਪਣੇ ਜਿਲ੍ਹੇ ਦੇ ਸਬੰਧਿਤ ਜਿਲ੍ਹਾ ਐਮ.ਆਈ.ਐਸ. ਵਿੰਗ ਦੇ ਕੋ-ਆਰਡੀਨੇਟਰ ਨਾਲ ਸੰਪਰਕ ਕਰ ਸਕਦੇ ਹਨ। ਜਿਨ੍ਹਾਂ ਦੇ ਮੋਬਾਈਲ ਨੰਬਰ ਈ-ਪੰਜਾਬ ਸਕੂਲ ਪੋਰਟਲ ਉੱਤੇ ਉਪਲੱਬਧ ਹਨ।

3.0 ਇਸ ਸਬੰਧੀ ਸਕੂਲ ਡੀ.ਡੀ.ਓਜ਼, ਬਲਾਕ ਪ੍ਰਾਇਮਰੀ ਸਿੱਖਿਆ ਅਫਸਰ, ਜਿਲ੍ਹਾ ਸਿੱਖਿਆ ਅਫਸਰਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਵੀ ਇਸ ਸਿਸਟਮ ਨੂੰ ਆਪਣੇ ਸਕੂਲ ਜਾਂ ਦਫਤਰ ਦੇ ਈ-ਪੰਜਾਬ ਸਕੂਲ ਪੋਰਟਲ 'ਤੇ ਲਾਗਇੰਨ ਆਈ.ਡੀ. ਵਿੱਚ ਜਾ ਕੇ ਚੰਗੀ ਤਰ੍ਹਾਂ ਸਮਝ ਲੈਣ ਅਤੇ ਅਧਿਆਪਕਾਂ ਵੱਲੋਂ ਅਪਲਾਈ ਕੀਤੇ ਜਾਣ ਵਾਲੇ ਮੈਡੀਕਲ ਬਿੱਲਾਂ ਦੀਆਂ ਅਰਜ਼ੀਆਂ ਉੱਤੇ ਰੋਜ਼ਾਨਾ ਕਾਰਵਾਈ ਕਰਨ ਅਤੇ ਕਿਸੇ ਵੀ ਪੱਧਰ ਉੱਤੇ ਕੋਈ ਅਰਜ਼ੀ ਲੰਬਿਤ ਨਾ ਰਹੇ।

4.0 ਮੈਡੀਕਲ ਬਿੱਲਾਂ ਦੇ ਕਲੇਮਾਂ ਨੂੰ ਅਪਲਾਈ ਕਰਨ ਸਬੰਧੀ ਹਦਾਇਤਾਂ/ਗਾਈਡਲਾਈਨਜ਼ ਨਾਲ ਨੱਥੀ ਹਨ।

ਨੱਥੀ : ਪੰਨਾ-1

ਸਕੱਤਰ ਸਕੂਲ ਸਿੱਖਿਆ, ਪੰਜਾਬ

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਡਾਇਰੈਕਟਰ ਜਨਰਲ ਸਕੂਲ ਸਿੱਖਿਆ
2. ਡੀ.ਪੀ.ਆਈ. (ਸੈ.ਸਿ.) ਪੰਜਾਬ
3. ਡੀ.ਪੀ.ਆਈ. (ਐ.ਸਿ.) ਪੰਜਾਬ
4. ਸੁਪਰਡੰਟ, ਸਿੱਖਿਆ-6 ਸ਼ਾਖਾ

ਸਕੱਤਰ ਸਕੂਲ ਸਿੱਖਿਆ, ਪੰਜਾਬ

Scanned with CamScanner